ਭੈਰਉ ਮਹਲਾ ੫ ॥ ਜਿਸੁ ਤੂ ਰਾਖਹਿ ਤਿਸੁ ਕਉਨੁ ਮਾਰੈ ॥ ਸਭ ਤੁਝ ਹੀ ਅੰਤਰਿ ਸਗਲ ਸੰਸਾਰੈ ॥ ਕੋਟਿ ਉਪਾਵ ਚਿਤਵਤ ਹੈ ਪ੍ਰਾਣੀ ॥ ਸੋ ਹੋਵੈ ਜਿ ਕਰੈ ਚੋਜ ਵਿਡਾਣੀ ॥ ੧॥ ਰਾਖਹੁ ਰਾਖਹੁ ਕਿਰਪਾ ਧਾਰਿ ॥ ਤੇਰੀ ਸਰਣਿ ਤੇਰੈ ਦਰਵਾਰਿ ॥੧॥ ਰਹਾਉ ॥ ਜਿਨਿ ਸੇਵਿਆ ਨਿਰਭਉ ਸੁਖਦਾਤਾ ॥ ਤਿਨਿ ਭਉ ਦੂਰਿ ਕੀਆ ਏਕੁ ਪਰਾਤਾ ॥ ਜੋ ਤੂ ਕਰਹਿ ਸੋਈ ਫੁਨਿ ਹੋਇ ॥ ਮਾਰੈ ਨ ਰਾਖੈ ਦੂਜਾ ਕੋਇ ॥੨॥ ਕਿਆ ਤੂ ਸੋਚਹਿ ਮਾਣਸ ਬਾਣਿ ॥ ਅੰਤਰਜਾਮੀ ਪੁਰਖੁ ਸੁਜਾਣੁ ॥ ਏਕ ਟੇਕ ਏਕੋ ਆਧਾਰੁ ॥ ਸਭ ਕਿਛੁ ਜਾਣੈ ਸਿਰਜਣਹਾਰੁ ॥੩॥ ਜਿਸੁ ਊਪਰਿ ਨਦਰਿ ਕਰੇ ਕਰਤਾਰੁ ॥ ਤਿਸੁ ਜਨ ਕੇ ਸਭਿ ਕਾਜ ਸਵਾਰਿ ॥ ਤਿਸ ਕਾ ਰਾਖਾ ਏਕੋ ਸੋਇ ॥ ਜਨ ਨਾਨਕ ਅਪੜਿ ਨ ਸਾਕੈ ਕੋਇ ॥ ੪॥੪॥੧੭॥ {ਪੰਨਾ 1139}

ਪਦਅਰਥ:- ਸੰਸਾਰੈ—ਸੰਸਾਰ ਵਿਚ। ਕੋਟਿ—ਕ੍ਰੋੜਾਂ। ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ}। ਚੋਜ ਵਿਡਾਣੀ—ਅਸਚਰਜ ਚੋਜਾਂ ਵਾਲਾ।1।

ਧਾਰਿ—ਧਾਰ ਕੇ, ਕਰ ਕੇ। ਦਰਵਾਰਿ—ਦਰ ਦੇ ਬੂਹੇ ਤੇ, ਦਰ ਤੇ।1। ਰਹਾਉ।

ਜਿਨਿ—ਜਿਸ (ਮਨੁੱਖ) ਨੇ। ਤਿਨਿ—ਉਸ (ਮਨੁੱਖ) ਨੇ। ਏਕੁ ਪਰਾਤਾ—ਇੱਕ ਪਰਮਾਤਮਾ ਨੂੰ ਪਛਾਣਿਆ। ਫੁਨਿ—ਮੁੜ।2।

ਬਾਣਿ—ਆਦਤ। ਸੁਜਾਣੁ—ਸਿਆਣਾ। ਆਧਾਰੁ—ਆਸਰਾ।3।

ਸਭਿ—ਸਾਰੇ। ਸਵਾਰਿ—ਸਵਾਰੇ, ਸਵਾਰਦਾ ਹੈ। ਤਿਸ ਕਾ—{ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}।4।

ਅਰਥ:- ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੇਰੇ ਦਰ ਤੇ ਆਇਆ ਹਾਂ, ਮਿਹਰ ਕਰ ਕੇ ਮੇਰੀ ਰੱਖਿਆ ਕਰ, ਰੱਖਿਆ ਕਰ।1। ਰਹਾਉ।

ਹੇ ਪ੍ਰਭੂ! ਜਿਸ ਨੂੰ ਤੂੰ ਬਚਾਏਂ, ਉਸ ਨੂੰ ਕੋਈ ਮਾਰ ਨਹੀਂ ਸਕਦਾ, (ਕਿਉਂਕਿ) ਸਾਰੇ ਸੰਸਾਰ ਵਿਚ ਸਾਰੀ (ਉਤਪੱਤੀ) ਤੇਰੇ ਹੀ ਅਧੀਨ ਹੈ। ਹੇ ਭਾਈ! ਜੀਵ (ਆਪਣੇ ਵਾਸਤੇ) ਕ੍ਰੋੜਾਂ ਹੀਲੇ ਸੋਚਦਾ ਰਹਿੰਦਾ ਹੈ, ਪਰ ਉਹੀ ਕੁਝ ਹੁੰਦਾ ਹੈ ਜੋ ਅਚਰਜ ਚੋਜ ਕਰਨ ਵਾਲਾ ਪਰਮਾਤਮਾ ਕਰਦਾ ਹੈ।1।

ਹੇ ਭਾਈ! ਜਿਸ ਮਨੁੱਖ ਨੇ ਨਿਰਭਉ ਅਤੇ ਸਾਰੇ ਸੁਖ ਦੇਣ ਵਾਲੇ ਪਰਮਾਤਮਾ ਦੀ ਸਰਨ ਲਈ, ਉਸ ਨੇ (ਆਪਣਾ ਹਰੇਕ) ਡਰ ਦੂਰ ਕਰ ਲਿਆ, ਉਸ ਨੇ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾ ਲਈ। ਹੇ ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ, ਉਹੀ ਹੁੰਦਾ ਹੈ। (ਤੈਥੋਂ ਬਿਨਾ) ਕੋਈ ਦੂਜਾ ਨਾਹ ਕਿਸੇ ਨੂੰ ਮਾਰ ਸਕਦਾ ਹੈ ਨਾਹ ਬਚਾ ਸਕਦਾ ਹੈ।2।

ਹੇ ਭਾਈ! (ਆਪਣੇ) ਮਨੁੱਖਾ ਸੁਭਾਉ ਅਨੁਸਾਰ ਤੂੰ ਕੀਹ ਸੋਚਾਂ ਸੋਚਦਾ ਰਹਿੰਦਾ ਹੈਂ? ਸਰਬ-ਵਿਆਪਕ ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ਸਿਆਣਾ ਹੈ। (ਅਸਾਂ ਜੀਵਾਂ ਦੀ) ਉਹੀ ਟੇਕ ਹੈ ਉਹੀ ਆਸਰਾ ਹੈ। ਜੀਵਾਂ ਨੂੰ ਪੈਦਾ ਕਰਨ ਵਾਲਾ ਉਹ ਪ੍ਰਭੂ ਸਭ ਕੁਝ ਜਾਣਦਾ ਹੈ।3।

ਹੇ ਭਾਈ! ਕਰਤਾਰ ਜਿਸ ਮਨੁੱਖ ਉੱਤੇ ਮਿਹਰ ਦੀ ਨਿਗਾਹ ਕਰਦਾ ਹੈ, ਉਸ ਸੇਵਕ ਦੇ ਉਹ ਸਾਰੇ ਕੰਮ ਸਵਾਰਦਾ ਹੈ। ਉਸ ਮਨੁੱਖ ਦਾ ਰਾਖਾ ਉਹ ਪਰਮਾਤਮਾ ਆਪ ਹੀ ਬਣਿਆ ਰਹਿੰਦਾ ਹੈ। ਹੇ ਦਾਸ ਨਾਨਕ! (ਜਗਤ ਦਾ ਕੋਈ ਜੀਵ) ਉਸ ਦੀ ਬਰਾਬਰੀ ਨਹੀਂ ਕਰ ਸਕਦਾ।4। 4। 17।